# ਪੰਜਾਬ ਸਕੂਲ ਸਿੱਖਿਆ ਬੋਰਡ

## ਦਾਖਲਾ ਸਾਲ/ਸੈਸ਼ਨ 2014-2015 ਲਈ ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ।

**ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਲਈ ਹੇਠ ਲਿਖੀਆਂ ਅਗਵਾਈ ਲੀਹਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ:-**

1) ਸੰਸਥਾ ਦਾ ਬੋਰਡ ਨਾਲ ਐਫੀਲੀਏਟਿਡ/ਐਸੋਸੀਏਟਿਡ ਹੋਣਾ ਜ਼ਰੂਰੀ ਹੈ, ਜਦੋਂ ਵੀ ਸਕੂਲ ਵੱਲੋਂ ਬੋਰਡ ਨਾਲ ਕੋਈ ਪੱਤਰ-ਵਿਹਾਰ ਕਰਨਾ ਹੈ, ਸਕੂਲ ਵੱਲੋਂ ਭੇਜੇ ਗਏ ਪੱਤਰ ਵਿੱਚ ਸ਼ਨਾਖਤੀ ਨੰਬਰ/ਸਕੂਲ ਕੋਡ ਲਿਖਿਆ ਹੋਣਾ ਚਾਹੀਦਾ ਹੈ।

2) ਬੋਰਡ ਵੱਲੋਂ ਪ੍ਰਵਾਨਿਤ ਦਾਖਲਾ ਖਾਰਜ਼ ਰਜਿਸਟਰ ਲਗਾਏ ਜਾਣ।

3) ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਉਹ ਵਿਦਿਆਰਥੀ ਹੀ ਦਾਖਲ ਕੀਤੇ ਜਾਣ, ਜਿਨ੍ਹਾਂ ਨੇ ਅੱਠਵੀ/ਨੌਵੀਂ ਸ਼੍ਰੇਣੀ ਦੀ ਪਰੀਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ/ ਐਫੀਲੀਏਟਿਡ /ਏਡਿਡ/ਐਸੋਸੀਏਟਿਡ ਸਕੂਲ ਤੋਂ ਪਾਸ ਕੀਤੀ ਹੋਵੇ।

4) ਨੌਵੀਂ ਸ਼੍ਰੇਣੀ ਵਿੱਚ ਦਾਖਲ ਕਰਦੇ ਸਮੇਂ ਵਿਦਿਆਰਥੀ ਦੇ ਵੇਰਵੇ ਦਾਖਲਾ ਖਾਰਜ ਰਜਿਸਟਰ ਵਿੱਚ ਜਨਮ ਮਿਤੀ ਦੇ ਸਰਟੀਫਿਕੇਟ ਦੇ ਅਧਾਰ ਤੇ ਦੋਨੋਂ ਭਾਸ਼ਾਵਾਂ (ਪੰਜਾਬੀ , ਅੰਗਰੇਜ਼ੀ) ਵਿੱਚ ਦਰਜ ਕੀਤੇ ਜਾਣ।

5) ਚਾਲੂ ਸੈਸ਼ਨ ਤੋਂ ਤਿੰਨ ਸਾਲ ਪਹਿਲਾਂ ਜਿਨ੍ਹਾਂ ਵਿਦਿਆਰਥੀਆਂ ਨੇ ਨੌਵੀਂ ਸ਼੍ਰੇਣੀ ਰੈਗੂਲਰ ਤੌਰ ਤੇ ਸਰਕਾਰੀ/ਏਡਿਡ/ਐਫੀਲੀਏਟਿਡ/ਐਸੋਸੀਏਟਿਡ ਸਕੂਲਾਂ ਤੋਂ ਪਾਸ ਕੀਤੀ ਹੋਵੇ, ਉਹ ਵਿਦਿਆਰਥੀ ਦਸਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।

6) ਨਿਰਧਾਰਿਤ ਸ਼ਰਤਾਂ ਅਨੁਸਾਰ ਦਸਵੀਂ ਸ਼੍ਰੇਣੀ ਵਿੱਚ ਦਾਖਲੇ ਉਪਰੰਤ ਸਬੰਧਿਤ ਬੋਰਡ ਵੱਲੋਂ ਜਿੰਨ੍ਹਾਂ ਵਿਦਿਆਰਥੀਆਂ ਦਾ ਨਤੀਜਾ ਫੇਲ੍ਹ ਘੋਸ਼ਿਤ ਕੀਤਾ ਜਾਂਦਾ ਹੈ, ਉਹ ਵਿਦਿਆਰਥੀ ਦਸਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲਾ ਲੈਣ ਦੇ ਯੋਗ ਹੋਣਗੇ।

7) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰਵਾਨਿਤ ਸੀਟਾਂ ਅਨੁਸਾਰ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।

8) ਦਸਵੀਂ ਸ਼੍ਰੇਣੀ ਦੀ ਪਰੀਖਿਆ ਲਈ ਦਾਖਲਾ ਫਾਰਮ ਭੇਜਣ ਤੋਂ ਪਹਿਲਾਂ ਇਹ ਯਕੀਨੀ ਬਣਾਇਆ ਜਾਵੇ ਕਿ ਕੀ ਵਿਦਿਆਰਥੀਆਂ ਦੇ ਰਜਿਸਟਰੇਸ਼ਨ ਨੰਬਰ ਅਲਾਟ ਹੋ ਚੁੱਕੇ ਹਨ।

9) ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਵਿੱਚ ਦਰਸਾਈਆਂ ਮਿਤੀਆਂ ਖਤਮ ਹੋਣ ਉਪਰੰਤ ਸਕੂਲ ਮੁੱਖੀ ਵੱਲੋਂ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਪੱਧਰ ਤੇ ਦਾਖਲਾ ਨਾ ਦਿੱਤਾ ਜਾਵੇ।

10) ਸੈਸ਼ਨ ਦੌਰਾਨ ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਜੇ ਕੋਈ ਵਿਦਿਆਰਥੀ ਦਾਖਲਾ ਸ਼ਡਿਊਲ ਵਿੱਚ ਦਰਸਾਈਆਂ ਮਿਤੀਆਂ ਪਿਛੋਂ ਸਕੂਲ ਬਦਲਦਾ ਹੈ, ਤਾਂ ਉਸ ਲਈ ਇਹ ਜ਼ਰੂਰੀ ਹੋਵੇਗਾ ਕਿ ਉਹ ਇਸ ਸਬੰਧੀ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਸਕੂਲ ਤੋਂ ਸਕੂਲ ਮਾਈਗਰੇਸ਼ਨ ਸਰਟੀਫਿਕੇਟ ਪ੍ਰਾਪਤ ਕਰੇ। ਮਾਈਗਰੇਸ਼ਨ ਠੋਸ ਕਾਰਨਾ ਦੇ ਆਧਾਰ ਤੇ ਹੀ ਕੀਤੀ ਜਾਵੇਗੀ।

11) (ੳ) **ਸਕੂਲ ਤੋਂ ਸਕੂਲ ਮਾਈਗਰੇਸ਼ਨ** :- ਨੌਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗਰੇਸ਼ਨ 31 ਦਸੰਬਰ ਤੱਕ 1000/- ਰੁ: ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ 1500/- ਰੁ: ਫੀਸ ਨਾਲ ਵਿਰਲੇ ਕੇਸਾਂ ਵਿੱਚ ਜਿਵੇਂ ਮਾਤਾ/ਪਿਤਾ/ਗਾਰਡੀਅਨ ਦੀ ਬਦਲੀ/ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗਰੇਸ਼ਨ ਮਾਨਯੋਗ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। ਦਸਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਫਤਰ ਵਿੱਚ ਪ੍ਰੀਖਿਆ ਫਾਰਮ ਪਹੁੰਚਣ ਦੀ ਅੰਤਿਮ ਮਿਤੀ ਤੱਕ 1000/-ਰੁ. ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ 1500/-ਰੁ: ਨਾਲ ਵਿਰਲੇ ਕੇਸਾਂ ਵਿੱਚ ਜਿਵੇਂ ਮਾਤਾ/ਪਿਤਾ/ਗਾਰਡੀਅਨ ਦੀ ਬਦਲੀ/ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗਰੇਸ਼ਨ ਮਾਨਯੋਗ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। । ਇਹ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 45 ਦਿਨ ਪਹਿਲਾਂ ਤੱਕ ਕੀਤੀ ਜਾਵੇਗੀ। ਅਜਿਹਾ ਕਰਨ ਲਈ ਵਿਦਿਆਰਥੀ ਸਕੂਲ ਤੋਂ ਸਕੂਲ ਮਾਈਗਰੇਸ਼ਨ ਫਾਰਮ ਦੋਵੇਂ ਸਕੂਲ ਮੁੱਖੀਆਂ ਤੋਂ ਤਸਦੀਕ ਕਰਵਾਉਣਗੇ।

ਦੋਵੇਂ ਸਕੂਲ ਮੁੱਖੀ ਇਸ ਗੱਲ ਦਾ ਖਾਸ ਧਿਆਨ ਰੱਖਣ ਕਿ ਜਦ ਤੱਕ ਵਿਦਿਆਰਥੀ ਨੂੰ ਪੰਜਾਬ ਬੋਰਡ ਵੱਲੋਂ ਮਾਈਗਰੇਸ਼ਨ ਸਰਟੀਫਿਕੇਟ ਜਾਰੀ ਨਹੀਂ ਕੀਤਾ ਜਾਂਦਾ, ਤਦ ਤੱਕ ਟਰਾਂਸਫਰ ਸਰਟੀਫਿਕੇਟ ਨਾ ਜਾਰੀ ਕੀਤਾ ਜਾਵੇ ਅਤੇ ਨਾ ਹੀ ਬਦਲੇ ਹੋਏ ਸਕੂਲ ਵਿੱਚ ਦਾਖਲ ਕੀਤਾ ਜਾਵੇ।

(ਅ) **ਇੰਟਰਬੋਰਡ ਮਾਈਗਰੇਸ਼ਨ :-** ਬੋਰਡ ਵੱਲੋਂ ਜ਼ਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜ/ਬੋਰਡ ਤੋਂ ਪੜ੍ਹਦੇ ਆ ਰਹੇ ਵਿਦਿਆਰਥੀ ਕਿਸੇ ਵੀ ਸੂਰਤ ਵਿੱਚ ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਬੋਰਡ ਤੋਂ ਲੇਟ ਦਾਖਲਾ/ਇੰਟਰਬੋਰਡ ਮਾਈਗਰੇਸ਼ਨ ਫਾਰਮ ਤੇ ਰਜਿਸਟਰੇਸ਼ਨ ਸ਼ਾਖਾ ਵੱਲੋਂ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤੇ ਜਾਣ। ਨੌਵੀਂ ਸ਼੍ਰੇਣੀ ਦੀ ਇੰਟਰਬੋਰਡ ਮਾਈਗਰੇਸ਼ਨ 31 ਦਸੰਬਰ ਤੱਕ 1000/- ਰੁ: ਪ੍ਰਤੀ ਵਿਦਿਆਰਥੀ ਫੀਸ ਹੋਵੇਗੀ। ਇਸ ਤੋਂ ਬਾਅਦ ਵਿਰਲੇ ਕੇਸਾਂ ਵਿੱਚ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਮਿਲਣ ਉਪਰੰਤ ਹੀ ਕੀਤੀ ਜਾਵੇਗੀ (ਫੀਸ 1500/- ਰੁਪਏ ਪ੍ਰਤੀ ਵਿਦਿਆਰਥੀ) । ਦਸਵੀਂ ਸ਼੍ਰੇਣੀ ਦੀ ਇੰਟਰਬੋਰਡ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਫਤਰ ਵਿੱਚ ਪ੍ਰੀਖਿਆ ਫਾਰਮ ਪਹੁੰਚਣ ਦੀ ਅੰਤਿਮ ਮਿਤੀ ਤੱਕ 1000/-ਰੁ. ਪ੍ਰਤੀ ਵਿਦਿਆਰਥੀ ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ ਵਿਰਲੇ ਕੇਸਾਂ ਵਿੱਚ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਮਿਲਣ ਉਪਰੰਤ ਹੀ ਕੀਤੀ ਜਾਵੇਗੀ (ਫੀਸ 1500/- ਰੁਪਏ ਪ੍ਰਤੀ ਵਿਦਿਆਰਥੀ) । ਮਾਈਗਰੇਸ਼ਨ ਹੋਣ ਉਪਰੰਤ ਵਿਦਿਆਰਥੀ ਨੂੰ 15 ਦਿਨ ਦੇ ਅੰਦਰ-ਅੰਦਰ ਸਕੂਲ ਵਿੱਚ ਦਾਖਲਾ ਲੈ ਲੈਣਾ ਚਾਹੀਦਾ ਹੈ। ਦਾਖਲਾ ਨਾ ਲੈਣ ਦੀ ਸੂਰਤ ਵਿੱਚ ਪ੍ਰਵਾਨਗੀ ਰੱਦ ਹੋਈ ਸਮਝੀ ਜਾਵੇਗੀ । ਰੱਦ ਹੋਈ ਪ੍ਰਵਾਨਗੀ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਲਾਤਾਂ ਵਿੱਚ ਦੁਬਾਰਾ ਪ੍ਰਵਾਨਗੀ ਮੁੜ ਫੀਸ ਜਮਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ। ਇਹ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 45 ਦਿਨ ਪਹਿਲਾਂ ਤੱਕ ਕੀਤੀ ਜਾਵੇਗੀ

12) ਯੋਗਤਾ ਸਬੰਧੀ ਜ਼ਿੰਮੇਵਾਰੀ ਨਿਰੋਲ ਸਕੂਲ ਮੁੱਖੀ ਦੀ ਹੈ। ਇਸ ਲਈ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੋਈ ਅਯੋਗ ਵਿਦਿਆਰਥੀ ਦਾਖਲ ਨਾ ਹੋ ਸਕੇ।

13) **ਹੋਰ ਰਾਜ/ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦੱਸੇ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ :-**

(ੳ) ਜਿਸ ਸ਼੍ਰੇਣੀ ਵਿੱਚ ਦਾਖਲ ਹੋਣਾ ਹੈ, ਉਸ ਤੋਂ ਪਹਿਲੀ ਸ਼੍ਰੇਣੀ ਪਾਸ ਕਰਨ ਦਾ ਸਬੂਤ (ਡੀ.ਐਮ.ਸੀ) ਦੀ ਫੋਟੋ ਕਾਪੀ ਸਬੰਧਤ ਸਕੂਲ ਮੁੱਖੀ ਤੋਂ ਤਸਦੀਕ ਕਰਵਾਕੇ ਭੇਜੀ ਜਾਵੇ ।

(ਅ) ਵਿੱਦਿਅਕ ਸੈਸ਼ਨ ਦੌਰਾਨ ਜਾਂ ਹੇਠਲੀ ਪਰੀਖਿਆ ਪਾਸ ਕਰਨ ਉਪਰੰਤ ਸਕੂਲ ਛੱਡਣ ਦਾ ਸਰਟੀਫਿਕੇਟ ਸਬੰਧਤ ਬੋਰਡ ਦੇ ਅਧਿਕਾਰੀ ਜਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਦੁਆਰਾ ਪ੍ਰਤੀ ਹਸਤਾਖਰ ਕੀਤਾ ਹੋਣਾ ਚਾਹੀਦਾ ਹੈ।

**ਨੋਟ:- ਸਾਲ/ਸੈਸ਼ਨ 2014-15 ਲਈ ਹੇਠਲੀ ਪਰੀਖਿਆ ਹੋਰ ਦੂਜੇ ਰਾਜ/ਬੋਰਡ ਤੋਂ ਪਾਸ ਕਰਨ ਵਾਲੇ ਵਿਦਿਆਰਥੀਆਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਲੋੜੀਂਦੇ ਦਸਤਾਵੇਜ ਭਾਵ (ਸਮਾਨਤਾ ਪੱਤਰ ,ਅਸਲ ਮਾਈਗ੍ਰੇਸ਼ਨ ਸਰਟੀਫਿਕੇਟ/ਸਕੂਲ ਛੱਡਣ ਦਾ ਸਰਟੀਫਕੇਟ ਸਬੰਧਤ ਬੋਰਡ ਤੋਂ ਕਾਊਂਟਰ ਸਾਈਨ ਦੀ ਤਸਦੀਕਸ਼ੁਦਾ ਕਾਪੀ ਅਤੇ ਡੀ.ਐਮ. ਸੀ. ਦੀ ਤਸਦੀਕਸ਼ੁਦਾ ਕਾਪੀ) ਭੇਜੇ ਜਾਣ। (ਸਾਲ/ਸੈਸ਼ਨ 2014-15 ਤੋਂ ਦੂਜੇ ਰਾਜ/ਬੋਰਡ ਤੋਂ ਆਉਣ ਵਾਲੇ ਸਾਰੇ ਵਿਦਿਆਰਥੀਆਂ ਲਈ ਸਮਾਨਤਾ ਪੱਤਰ ਲੈਣਾ ਲਾਜ਼ਮੀ ਹੈ)।**

**ਨੋਟ :- ਸਾਲ/ਸੈਸ਼ਨ 2014-15 ਦੀ ਰਜਿਸਟਰੇਸ਼ਨ /ਕੰਟੀਨਿਊਏਸ਼ਨ ਦੀ ਆਨ ਲਾਈਨ ਐਂਟਰੀ 06.05.2014 ਤੋਂ ਸ਼ੁਰੂ ਕੀਤੀ ਜਾ ਸਕਦੀ ਹੈ। ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਸਬੰਧੀ ਪੱਤਰ ਬੋਰਡ ਦੀ ਵੈੱਬਸਾਈਟ www.pseb.ac.in/Registration Section ਤੇ ਉਪਲੱਬਧ ਹਨ।**

ਡਾਇਰੈਕਟਰ (ਕੰਪਿ: ਸੈਲ)
ਵਾਸਤੇ ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ